## ਡਾਇਰੈਕਟੋਰੇਟ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ।

### ਦਫਤਰੀ ਹੁਕਮ

ਨੰ: 4ਐਮਈ 2-ਪੰ:-14/ ਮਿਤੀ, ਚੰਡੀਗੜ੍ਹ:-

ਇਸ ਦਫਤਰੀ ਹੁਕਮ ਰਾਹੀਂ ਹੇਠ ਲਿਖੇ ਮੈਡੀਕਲ ਲਬਾਟਰੀ ਟੈਕਨੀਸ਼ੀਅਨ ਗੇ੍ਡ-2 ਕਰਮਚਾਰੀਆਂ ਦੀ ਤਰੱਕੀ ਬਤੌਰ ਮੈਡੀਕਲ ਲਬਾਟਰੀ ਟੈਕਨੀਸ਼ੀਅਨ ਗੇ੍ਡ-1 ਤਨਖਾਹ ਸਕੇਲ ਰੁਪਏ 10300 - 34800 ਜਮਾ ਗਰੇਡ ਪੇ 4200 ਰੁਪਏ ਵਿਚ ਵਿਭਾਗ ਦੀ ਪੈਰਾ ਮੈਡੀਕਲ ਸਟਾਫ ਦੀਆਂ ਅਸਾਮੀਆਂ ਦੇ ਡਰਾਫਟ ਰੂਲਾਂ ਵਿਚ ਦਰਜ ਉਪਬੰਧਾਂ ਦੇ ਤਹਿਤ ਆਰਜੀ ਤੌਰ ਤੇ ਕੀਤੀ ਜਾਂਦੀ ਹੈ ਅਤੇ ਕਰਮਚਾਰੀਆਂ ਦੀ ਤਰੱਕੀ ਉਪਰੰਤ ਤੈਨਾਤੀ ਇਹਨਾਂ ਦੇ ਨਾਵਾਂ ਸਾਹਮਣੇ ਦਰਸਾਈ ਸੰਸਥਾਵਾਂ ਵਿਚ ਹੇਠ ਲਿਖੇ ਅਨੁਸਾਰ ਕੀਤੀ ਜਾਂਦੀ ਹੈ:-

| ਲੜੀ ਨੰ: | ਕਰਮਚਾਰੀ ਦਾ ਨਾਂ, ਅਹੁਦਾ ਅਤੇ ਮੌਜੂਦਾ ਤੈਨਾਤੀ ਦੀ ਥਾਂ | ਤਰੱਕੀ ਉਪਰੰਤ ਤੈਨਾਤੀ ਦੀ ਥਾਂ | ਵਿਸੇਸ ਕੱਥਨ |
|---|---|---|---|
| 1. | ਗੁਰਵੰਤ ਸਿੰਘ, ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 2. | ਹਰਜਿੰਦਰ ਸਿੰਘ ਪੁੱਤਰ ਸ੍ਰੀ ਮੁਖਤਿਆਰ ਸਿੰਘ, ਟੀ ਬੀ ਹਸਪਤਾਲ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 3. | ਸੁਨੀਤਾ, ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 4. | ਰਵੀ ਰਮਨ, ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 5. | ਅਨੀਤਾ ਸਰਮਾ, ਟੀ. ਬੀ. ਹਸਪਤਾਲ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 6. | ਪ੍ਦੀਪ ਕੁਮਾਰ, ਗੁ. ਗੋ. ਸਿੰਘ ਮੈਡੀਕਲ ਕਾਲਜ, ਫਰੀਦਕੋਟ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 7. | ਚੰਨਦੀਪ ਸਿੰਘ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 8. | ਅਸਵਨੀ ਕੁਮਾਰ, ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 9. | ਸਵਿੱਤਰੀ, ਐਸ ਜੀ ਟੀ ਬੀ ਹਸਪਤਾਲ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 10. | ਸਰਬਜੀਤ ਕੋਰ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 11. | ਕੁਲਵੰਤ ਕੋਰ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 12. | ਸੰਤੋਸ ਗੋਇਲ, ਰਾਜਿੰਦਰਾ ਹਸਪਤਾਲ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 13. | ਚੰਨਣ ਸਿੰਘ, ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 14. | ਜੀਵਨ ਲਾਲ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ |
| 15. | ਮੰਜੂ ਸਰਮਾ, ਟੀ ਬੀ ਹਸਪਤਾਲ ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਤੇ। |

ਇਹ ਤਰੱਕੀ ਹੇਠ ਲਿਖੀ ਸਰਤਾਂ ਤੇ ਕੀਤੀ ਜਾਂਦੀ ਹੈ:

1. ਇਹ ਤਰਕੀ ਬਿਲਕੁਲ ਆਰਜੀ ਤੌਰ ਤੇ ਕੀਤੀ ਜਾਂਦੀ ਹੈ, ਜੇਕਰ ਇਹਨਾਂ ਆਸਾਮੀਆਂ ਲਈ ਵਿਚਾਰੇ ਗਏ ਕਰਮਚਾਰੀਆਂ ਵਿਚੋਂ ਕੋਈ ਕਰਮਚਾਰੀ ਇਹਨਾਂ ਤੋਂ ਸੀਨੀਅਰ ਪਾਇਆ ਗਿਆ ਤਾਂ ਜੂਨੀਅਰ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

2. ਜੇਕਰ ਬਾਅਦ ਵਿਚ ਕਿਸੇ ਸਟੇਜ ਤੇ ਇਹ ਪਾਇਆ ਗਿਆ ਕਿ ਕੋਈ ਵੀ ਕਰਮਚਾਰੀ ਇਸ ਆਸਾਮੀ ਲਈ ਲੋੜੀਦੀ ਵਿਦਿਅਕ ਯੋਗਤਾਵਾਂ ਜਾਂ ਤਜਰਬਾ ਪੂਰਾ ਨਹੀਂ ਕਰਦਾ ਹੈ ਤਾਂ ਉਸ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

3. ਇਹ ਤਰੱਕੀ ਕਾਰਨ ਨਵੀਂ ਆਸਾਮੀਂ ਤੇ ਹਾਜਰ ਹੋਣ ਕਾਰਣ ਕਰਮਚਾਰੀ ਨੂੰ ਇਕ ਸਾਲ ਦੇ ਸਮੇਂ ਲਈ ਪਰਖ ਕਾਲ ਸਮਾਂ ਤਸੱਲੀਬਖਸ ਤਰੀਕੇ ਨਾਲ ਪਾਰ ਕਰਨਾਂ ਪਵੇਗਾ, ਜੇਕਰ ਇਸ ਪਰਖ ਕਾਲ ਸਮੇਂ ਦੌਰਾਨ ਕਰਮਚਾਰੀ ਦਾ ਕੰਮ ਕਾਜ ਤਸਲੀਬਖਸ ਨਾ ਪਾਇਆ ਗਿਆ ਤਾਂ ਕਰਮਚਾਰੀ ਨੂੰ ਬਿਨਾਂ ਕੋਈ ਕਾਰਨ ਦਸੇ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

4. ਕਰਮਚਾਰੀ ਨੂੰ ਇਹਨਾਂ ਹੁਕਮਾਂ ਦੀ ਪਾਲਣਾ ਵਿਚ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਲਈ ਤੁਰੰਤ ਰਲੀਵ ਕਰ ਦਿਤਾ ਜਾਵੇ ਅਤੇ ਕਰਮਚਾਰੀਆਂ ਨੂੰ ਇਹ ਹੁਕਮ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣਾ ਪਵੇਗਾ ਜੇਕਰ ਕੋਈ ਕਰਮਚਾਰੀ ਮਿਥੇ ਸਮੇਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਨਹੀਂ ਹੁੰਦਾਂ ਤਾਂ ਉਸ ਦੀ ਤੱਰਕੀ ਦੇ ਹੁਕਮ ਰੱਦ ਸਮਝੇ ਜਾਣਗੇ ਅਤੇ ਕਰਮਚਾਰੀ ਨੂੰ ਇਸ ਤਰਕੀ ਤੇ ਵਿਚਾਰਣ ਲਈ 2 ਸਾਲ ਦੇ ਸਮੇਂ ਲਈ ਡੀਬਾਰ ਕੀਤਾ ਜਾਵੇਗਾ।

5. ਕਰਮਚਾਰੀ ਨੂੰ ਤੱਰਕੀ ਉਪਰੰਤ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਤੋਂ ਪਹਿਲਾਂ ਉਕਤ ਸਰਤਾਂ ਦੀ ਸਹਿਮਤੀ ਬਾਰੇ ਤਸਦੀਕਸੁਦਾ ਹਲਫਿਆ ਬਿਆਨ ਦੇਣਾ ਪਵੇਗਾ ਅਤੇ ਇਹ ਹਲਫਿਆ ਬਿਆਨ ਕਰਮਚਾਰੀਆਂ ਦੀ ਹਾਜਰੀ ਰਿਪੋਂਟਾਂ, ਜੋ ਸੰਸਥਾਂ ਦੇ ਮੁਖੀ ਵਲੋਂ ਸਹੀ ਕੀਤੀ ਹੋਵੇ, ਦੇ ਨਾਲ ਇਸ ਦਫਤਰ ਨੂੰ ਭੇਜੇ ਜਾਣ।

6. ਇਹ ਤਸਦੀਕ ਕੀਤਾ ਜਾਂਦਾ ਹੈ ਕਿ ਜੇਕਰ ਇਹਨਾਂ ਕਰਮਚਾਰੀਆਂ ਦੀ ਤਰੱਕੀ ਬਤੌਰ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-1 ਨਹੀਂ ਕੀਤੀ ਜਾਂਦੀ ਤਾਂ ਉਹਨਾਂ ਨੇ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-2 ਦੀ ਪੁਰਾਣੀ ਆਸਾਮੀ ਤੇ ਹੀ ਕੰਮ ਕਰਨਾ ਸੀ।

<u>7. ਕੇਵਲ ਲੜੀ ਨੰ: 15 ਲਈ:</u> ਸ੍ਰੀ ਮਤੀ ਮੰਜੂ ਸਰਮਾ, ਟੀ ਬੀ ਹਸਪਤਾਲ ਅੰਮ੍ਰਿਤਸਰ ਦੀ ਤਰੱਕੀ ਸ੍ਰੀ ਚੰਚਲ ਸਿੰਘ, ਐਮ ਐਲ ਟੀ ਗ੍ਰੇਡ-2, ਟੀ ਬੀ ਹਸਪਤਾਲ, ਅੰਮ੍ਰਿਤਸਰ ਛੁੱਟੀ ਤੇ ਜਾਣ ਕਾਰਨ ਕੀਤੀ ਜਾਂਦੀ ਹੈ ਅਤੇ ਜੇਕਰ ਸ੍ਰੀ ਚੰਚਲ ਸਿੰਘ, ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-2 ਛੁੱਟੀ ਤੋਂ ਵਾਪਸ ਆਉਂਦਾ ਹੈ ਅਤੇ ਤਰੱਕੀ ਲਈ ਯੋਗ ਪਾਇਆ ਜਾਂਦਾ ਹੈ ਤਾਂ ਉਸ ਸਮੇਂ ਐਮ ਐਲ ਟੀ ਗ੍ਰੇਡ-1 ਦੀ ਤਰੱਕੀ ਕੋਟੇ ਦੀ ਅਸਾਮੀ ਖਾਲੀ ਨਾ ਹੋਣ ਸੂਰਤ ਵਿਚ ਤਰੱਕੀ ਕੋਟੇ ਦੀ ਅਸਾਮੀ ਖਾਲੀ ਹੋਣ ਤਕ ਰਿਵਰਟ ਕਰ ਦਿੱਤਾ ਜਾਵੇਗਾ। ਜੇਕਰ ਕਰਮਚਾਰਣ ਤੋਂ ਜੂਨੀਅਰ ਕਰਮਚਾਰੀਆਂ ਦੀ ਤਰੱਕੀ ਹੁੰਦੀ ਹੈ ਤਾਂ ਇਹ ਸਰਤ ਖਤਮ ਮੰਨੀ ਜਾਵੇਗੀ।

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**

**ਪਿੱਠ ਅੰ:ਨੰ:4ਐਮ.ਈ.2-ਪੰ-14/** 2558-81 **ਮਿਤੀ ਚੰਡੀਗੜ੍ਹ:-** 19-02-14

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ। ਕਰਮਚਾਰੀਆਂ ਦੀ ਫਾਰਗੀ/ ਹਾਜਰੀ ਰਿਪੋਂਟਾਂ, ਹਲਫਿਆ ਬਿਆਨ ਮੂਲ ਰੂਪ ਵਿਚ ਅਤੇ ਡਿਪਲੋਮਾ ਸਰਟੀਫਿਕੇਟਾਂ ਦੀਆਂ ਤਸਦੀਕਸੁਦਾ ਕਾਪੀਆਂ ਇਸ ਦਫਤਰ ਨੂੰ ਭੇਜੀਆਂ ਜਾਣ ਅਤੇ ਜੇਕਰ ਕਰਮਚਾਰੀ/ ਕਰਮਚਾਰਨ ਮਿੱਥੇ ਸਮੇਂ ਦੇ ਅੰਦਰ-2 ਹਾਜਰ ਨਹੀਂ ਹੁੰਦਾਂ ਤਾਂ ਇਹ ਰਿਪੋਰਟ ਇਸ ਦਫਤਰ ਨੂੰ ਭੇਜੀ ਜਾਵੇ।

1. ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ/ ਪਟਿਆਲਾ/ ਗੁ. ਗੋ. ਸਿੰਘ ਮੈਡੀਕਲ ਕਾਲਜ, ਫਰੀਦਕੋਟ
2. ਮੈਡੀਕਲ ਸੁਪਰਡੰਟ, ਰਾਜਿੰਦਰਾ ਹਸਪਤਾਲ, ਪਟਿਆਲਾ/ ਐਸ.ਜੀ.ਟੀ.ਬੀ.ਹਸਪਤਾਲ, ਅੰਮ੍ਰਿਤਸਰ/ ਗੁ. ਗੋ. ਸਿੰਘ ਹਸਪਤਾਲ, ਫਰੀਦਕੋਟ।
3. ਪ੍ਰਿੰਸੀਪਲ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਪਟਿਆਲਾ/ ਅੰਮ੍ਰਿਤਸਰ।
4. ਡਿਪਟੀ ਮੈਡੀਕਲ ਸੁਪਰਡੰਟ, ਟੀ ਬੀ ਹਸਪਤਾਲ, ਪਟਿਆਲਾ/ ਅੰਮ੍ਰਿਤਸਰ।
5. ਸੰਬਧਤ ਕਰਮਚਾਰੀਆਂ ਨੂੰ।

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**

**ਮਿਤੀ ਚੰਡੀਗੜ੍ਹ:-**

**ਪਿੱਠ ਅੰ:ਨੰ:4ਐਮ.ਈ.2-ਪੰ-14/**

ਉਤਾਰਾ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ, ਮੈਡੀਕਲ ਸਿਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ ਨੂੰ ਸੂਚਨਾਂ ਹਿਤ ਭੇਜਿਆ ਜਾਂਦਾ ਹੈ।

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**